File No: 03/520/2021-ROP-DC-MA-ROP-DC-DEPTT
Phone No. 01881-221157
Fax No. 01881-221165
Email: madcropar@gmail.com

**ਦਫਤਰ ਜਿਲ੍ਹਾ ਮੈਜਿਸਟਰੇਟ, ਰੂਪਨਗਰ।**

**(ਫੁਟਕਲ ਸ਼ਾਖਾ)**

**ਹੁਕਮ ਅਧੀਨ ਧਾਰਾ 144 ਜਾਬਤਾ ਫੌਜਦਾਰੀ ਸੰਘਤਾ 1973**

I.P. Singh,Deputy General Mangaer(HR) ਵਲੋਂ ਆਪਣੇ ਪੱਤਰ ਨੰ: NFL/ HR/ ADMIN/ 120 ਮਿਤੀ: 10.06.2021 ਰਾਹੀਂ ਅਤੇ ਸੀਨੀਅਰ ਪੁਲਿਸ ਕਪਤਾਨ,ਰੂਪਨਗਰ/ਉਪ ਮੰਡਲ ਮੈਜਿਸਟਰੇਟ,ਨੰਗਲ ਤੋਂ ਪ੍ਰਾਪਤ ਕੀਤੀ ਗਈ ਰਿਪੋਰਟ ਅਨੁਸਾਰ ਇਸ ਦਫਤਰ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਨੈਸ਼ਨਲ ਫਰਟੀਲਾਈਜ਼ਰ ਲਿਮਟਿਡ,ਨਿਆਂ ਨੰਗਲ ਦੀ ਸੁਰੱਖਿਆ ਦੇ ਮੱਦੇਨਜ਼ਰ ਨੈਸ਼ਨਲ ਫਰਟੀਲਾਈਜ਼ਰ ਲਿਮਟਿਡ, ਨਿਆਂ ਨੰਗਲ ਦੇ ਏਰੀਏ ਨੂੰ "No Drone Zone" ਘੋਸ਼ਿਤ ਕੀਤਾ ਜਾਵੇ।ਇਸ ਸਬੰਧੀ ਸਬੰਧਤ ਜਿਲ੍ਹਿਆਂ ਵਲੋਂ ਵੀ ਦਫਾ 144 ਦੇ ਹੁਕਮ ਜਾਰੀ ਕੀਤੇ ਜਾ ਚੁੱਕੇ ਹਨ।

ਉਪਰੋਕਤ ਪੱਤਰ ਵਿੱਚ ਦਰਜ ਤੱਥਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਮੈ ਸੋਨਾਲੀ ਗਿਰਿ, ਆਈ.ਏ.ਐਸ., ਜਿਲ੍ਹਾ ਮੈਜਿਸਟਰੇਟ, ਰੂਪਨਗਰ ਜਾਬਤਾ ਫੌਜਦਾਰੀ ਸੰਘਤਾ 1973 (1974 ਦਾ ਐਕਟ ਨੰ: 2) ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੀ ਹੋਈ **ਨੈਸ਼ਨਲ ਫਰਟੀਲਾਈਜ਼ਰ ਲਿਮਟਿਡ ,ਨਿਆਂ ਨੰਗਲ** ਦੇ ਏਰੀਏ ਵਿੱਚ (Drones,Para Gliders,Parameters,Powered-Hang Gliders,Micro Light Aircraft,Hot-Air Ballons Etc) ਡਰੋਨ ਕੈਮਰਾ ਚਲਾਉਣ/ਉਡਾਉਣ ਤੇ ਮੁੰਕਮਲ ਤੌਰ ਤੇ ਪਾਬੰਦੀ ਲਗਾਉਂਦੀ ਹਾਂ।

ਇਹ ਹੁਕਮ ਮਿਤੀ: 02-09-2021 ਤੋਂ ਮਿਤੀ: 01-11-2021 ਤੱਕ ਲਾਗੂ ਰਹੇਗਾ।

ਇਹ ਹੁਕਮ ਮਾਮਲੇ ਦੀ ਤੱਤਪਰਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਇਕਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ। ਇਹਨਾਂ ਹੁਕਮਾਂ ਦੀ ਜਿਲ੍ਹਾ ਲੋਕ ਸੰਪਰਕ ਅਫਸਰ, ਰੂਪਨਗਰ ਦੇ ਵਾਹਨਾਂ ਰਾਹੀਂ ਅਕਾਸ਼ਵਾਣੀ/ਦੂਰਦਰਸ਼ਨ/ਸਮਾਚਾਰ ਪੱਤਰਾਂ ਰਾਹੀ ਮੁਨਾਦੀ ਕਰਵਾਈ ਜਾਵੇ ਅਤੇ ਇਸ ਹੁਕਮ ਦੀਆਂ ਕਾਪੀਆਂ ਸੀਨੀਅਰ ਪੁਲਿਸ ਕਪਤਾਨ, ਰੂਪਨਗਰ/ਉਪ ਮੰਡਲ ਮੈਜਿਸਟਰੇਟਾਂ ਅਤੇ ਤਹਿਸੀਲਦਾਰਾਂ/ ਬੀ.ਡੀ.ਪੀ.ਓਜ਼./ਨਗਰ ਪਾਲਕਾਵਾਂ ਦੇ ਦਫਤਰ ਵਿੱਚ ਨੋਟਿਸ ਬੋਰਡਾਂ ਤੇ ਚਸਪਾ ਕੀਤੀਆਂ ਜਾਣ।

ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤ ਦੀ ਮੋਹਰ ਹੇਠ ਮਿਤੀ 02/09/2021 ਨੂੰ ਜਾਰੀ ਕੀਤਾ ਗਿਆ।

ਜਿਲ੍ਹਾ ਮੈਜਿਸਟਰੇਟ,
ਰੂਪਨਗਰ।

ਪਿੱਠ ਅੰਕਣ ਨੰ: 25658-722 /ਫਸ-1 ਮਿਤੀ 02/09/2021

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਗ੍ਰਹਿ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ., ਰੂਪਨਗਰ ਰੇਂਜ, ਰੂਪਨਗਰ।
5. ਡੀ.ਆਈ.ਜੀ., ਸੀ.ਆਈ.ਡੀ., ਪੰਜਾਬ, ਚੰਡੀਗੜ੍ਹ।
6. ਸਮੂਹ ਜਿਲ੍ਹਾ ਮੈਜਿਸਟਰੇਟ, ਅਜੀਤਗੜ੍ਹ (ਮੋਹਾਲੀ), ਪਟਿਆਲਾ, ਫਤਿਹਗੜ੍ਹ ਸਾਹਿਬ, ਸੰਗਰੂਰ ਬਰਨਾਲਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਫਿਰੋਜਪੁਰ, ਮਾਨਸਾ, ਮੋਗਾ, ਲੁਧਿਆਣਾ,ਜਲੰਧਰ, ਕਪੂਰਥਲਾ, ਤਰਨਤਾਰਨ, ਅਮ੍ਰਿਤਸਰ, ਗੁਰਦਾਸਪੁਰ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ), ਫਾਜਿਲਕਾ, ਪਠਾਨਕੋਟ।
7. ਡਾਇਰੈਕਟਰ, ਆਲ ਇੰਡੀਆ ਰੇਡੀਓ, ਜਲੰਧਰ।
8. ਸੀਨੀਅਰ ਪੁਲਿਸ ਕਪਤਾਨ, ਰੂਪਨਗਰ
9. ਜਿਲ੍ਹਾ ਲੋਕ ਸੰਪਰਕ ਅਫਸਰ, ਰੂਪਨਗਰ
10. ਉਪ ਮੰਡਲ ਮੈਜਿਸਟਰੇਟ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ।
11. ਤਹਿਸੀਲਦਾਰ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ।
12. ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਰੂਪਨਗਰ/ਸ੍ਰੀ ਆਨੰਦਪੁਰ ਸਾਹਿਬ/ਨੂਰਪੁਰ ਬੇਦੀ/ਸ੍ਰੀ ਚਮਕੌਰ ਸਾਹਿਬ/ ਮੋਰਿੰਡਾ।
13. ਕਾਰਜ ਸਾਧਕ ਅਫਸਰ, ਨਗਰ ਕੌਂਸਲ, ਰੂਪਨਗਰ/ਮੋਰਿੰਡਾ/ ਸ੍ਰੀ ਆਨੰਦਪੁਰ ਸਾਹਿਬ/ਨੰਗਲ
14. ਕਾਰਜ ਸਾਧਕ ਅਫਸਰ ਨਗਰ ਪੰਚਾਇਤ ਸ੍ਰੀ ਚਮਕੌਰ ਸਾਹਿਬ/ਕੀਰਤਪੁਰ ਸਾਹਿਬ
15. ਪੀ.ਏ. ਟੂ ਡੀ.ਐਮ.,/ਏ.ਡੀ.ਐਮ., ਰੂਪਨਗਰ।

ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਜਿਲ੍ਹਾ ਮੈਜਿਸਟਰੇਟ,
ਰੂਪਨਗਰ।